# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :06-02-2026

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੇ ਸੰਵਾਦ ਪ੍ਰੋਗਰਾਮ, "ਪਰਿਕ੍ਸ਼ਾ ਪੇ ਚਰਚਾ" ਦੇ 9ਵੇਂ ਐਡੀਸ਼ਨ ਦੌਰਾਨ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਅੱਜ ਜਾਰੀ ਕੀਤੇ ਗਏ ਇੱਕ ਵੀਡੀਓ ਵਿੱਚ, ਪ੍ਰਧਾਨ ਮੰਤਰੀ ਨੇ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੌਰਾਨ ਤਣਾਅ ਅਤੇ ਚਿੰਤਾ ਨਾਲ ਨਜਿੱਠਣ ਦੇ ਤਰੀਕਿਆਂ ਬਾਰੇ ਸੰਬੋਧਿਤ ਕੀਤਾ । ਸ਼੍ਰੀ ਮੋਦੀ ਨੇ ਵਿਦਿਆਰਥੀਆਂ ਨੂੰ ਆਪਣੇ ਸਿੱਖਣ ਦੇ ਤਰੀਕਿਆਂ 'ਤੇ ਭਰੋਸਾ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਕੋਈ ਵੀ ਦੋ ਵਿਅਕਤੀ ਇੱਕੋ ਤਰੀਕੇ ਨਾਲ ਨਹੀਂ ਸੋਚਦੇ ਜਾਂ ਨਹੀਂ ਸਿੱਖਦੇ। ਉਨ੍ਹਾਂ ਕਿਹਾ ਕਿ ਹਰੇਕ ਵਿਦਿਆਰਥੀ ਦੀ ਇੱਕ ਵਿਲੱਖਣ ਸ਼ੈਲੀ ਹੁੰਦੀ ਏ ਅਤੇ ਉਨ੍ਹਾਂ ਨੂੰ ਆਪਣੀ ਤਿਆਰੀ ਦੇ ਤਰੀਕਿਆਂ 'ਤੇ ਪੂਰਾ ਭਰੋਸਾ ਹੋਣਾ ਚਾਹੀਦਾ ਏ । ਸ਼੍ਰੀ ਮੋਦੀ ਨੇ ਵਿਦਿਆਰਥੀਆਂ ਨੂੰ ਅਧਿਆਪਕਾਂ, ਮਾਪਿਆਂ ਅਤੇ ਸਲਾਹਕਾਰਾਂ ਵਲੋਂ ਦਿੱਤੇ ਗਏ ਸੁਝਾਵਾਂ ਨੂੰ ਧਿਆਨ ਨਾਲ ਸੁਣਨ ਅਤੇ ਡੂੰਘਾਈ ਨਾਲ ਸਮਝਣ ਦੀ ਅਪੀਲ ਕੀਤੀ।

BYTE

ਪ੍ਰਧਾਨ ਮੰਤਰੀ ਨੇ ਅਧਿਆਪਕਾਂ ਨੂੰ ਹਰੇਕ ਵਿਦਿਆਰਥੀ ਦੀ ਸਿੱਖਣ ਦੀ ਗਤੀ ਪ੍ਰਤੀ ਸੰਵੇਦਨਸ਼ੀਲ ਹੋਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਅਧਿਆਪਕ ਨੂੰ ਵਿਦਿਆਰਥੀ ਤੋਂ ਇੱਕ ਕਦਮ ਅੱਗੇ ਰਹਿਣਾ ਚਾਹੀਦਾ ਏ ਬਹੁਤ ਜ਼ਿਆਦਾ ਅੱਗੇ ਨਹੀਂ, ਤਾਂ ਜੋ ਮਾਰਗ-ਦਰਸ਼ਨ ਵਿਹਾਰਕ ਲਗੇ ਅਤੇ ਡਰ ਮਹਿਸੂਸ ਨਾ ਹੋਵੇ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਰੋਜ਼ਮਰਾ ਜ਼ਿੰਦਗੀ ਵਿੱਚ ਕਸਰਤ, ਯੋਗ, ਪੌਸ਼ਟਿਕ ਖੁਰਾਕ, ਢੁਕਵਾਂ ਆਰਾਮ ਅਤੇ ਮਾਨਸਿਕ ਤਾਕਤ ਨੂੰ ਸ਼ਾਮਲ ਕਰਨ ਦੀ ਅਪੀਲ ਕੀਤੀ।

-----------------------------------------------------------------------

ਓਧਰ ਹੁਸ਼ਿਆਰਪੁਰ ਦੇ ਵਿਦਿਆਰਥੀ ਸਿਵਾਂਸ਼ ਨੇ ਅੱਜ "ਪਰਿਕ੍ਸ਼ਾ ਪੇ ਚਰਚਾ" ਪ੍ਰੋਗਰਾਮ, ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ।

BYTE

-----------------------------------------------------------------------

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 649 ਪ੍ਰਕਾਸ਼ ਉਤਸਵ ਦੇ ਸਬੰਧ ਵਿੱਚ ਹੁਸ਼ਿਆਰਪੁਰ ਜਿਲ੍ਹੇ ਦੀ ਤਹਿਸੀਲ ਗੜ੍ਹਸ਼ੰਕਰ ਦੇ ਪਿੰਡ ਖੁਰਾਲਗੜ੍ਹ ਵਿਖੇ ਚਾਰ ਫਰਵਰੀ ਨੂੰ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਉਪਰੰਤ ਕੀਰਤਨੀ ਜਥਿਆਂ ਵੱਲੋਂ ਕੀਰਤਨ

ਕੀਤਾ ਜਾ ਰਿਹਾ ਏ । ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹੋਰ ਪਤਵੰਤੇ ਵੀ ਇਸ ਮੌਕੇ ਸ੍ਰੀ ਗੁਰੂ ਰਵਿਦਾਸ ਜੀ ਨੂੰ ਆਪਣੀ ਸ਼ਰਧਾ ਭੇਟ ਕਰਨ ਲਈ ਪਹੁੰਚ ਰਹੇ ਨੇ । ਉਹ ਪਹਿਲਾਂ ਚਰਨ ਛੋਹ ਗੰਗਾ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਅਸਥਾਨ ਤੇ ਮੱਥਾ ਟੇਕਣਗੇ ਅਤੇ ਉਸ ਤੋਂ ਬਾਅਦ ਖੁਰਾਲਗੜ ਵਿਖੇ ਗੁਰੂ ਰਵਿਦਾਸ ਜੀ ਮਹਾਰਾਜ ਦੇ ਤਪ ਅਸਥਾਨ ਤੇ ਨਤਮਸਤਕ ਹੋਣਗੇ । ਇਸ ਮਗਰੋਂ ਮੁਖ ਮੰਤਰੀ ਰਾਜ ਪੱਧਰੀ ਸਮਾਗਮ ਨੂੰ ਸੰਬੋਧਨ ਕਰਨਗੇ |

---------------------------------------------------------------

ਪੰਜਾਬ-ਆਪ ਨੇਤਾ ਦੀ ਗੋਲੀ ਮਾਰ ਕੇ ਹੱਤਿਆ: ਆਮ ਆਦਮੀ ਪਾਰਟੀ ਦੇ ਕਾਰਜਕਾਰੀ ਆਗੂ ਲੱਕੀ ਓਬਰਾਏ ਦੀ ਅੱਜ ਸਵੇਰੇ ਜਲੰਧਰ ਦੇ ਮਾਡਲ ਟਾਊਨ ਇਲਾਕੇ ਵਿੱਚ ਇੱਕ ਗੁਰਦੁਆਰੇ ਦੇ ਬਾਹਰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ । ਸੂਤਰਾਂ ਮੁਤਾਬਿਕ ਜਦੋਂ ਉਹ ਧਾਰਮਿਕ ਸਥਾਨ ਦੇ ਬਾਹਰ ਆਪਣੇ ਚਾਰ ਪਹੀਆ ਵਾਹਨ ਵਿੱਚ ਬੈਠਾ ਸੀ ਤਾਂ ਕੁਝ ਅਣਪਛਾਤੇ ਮੋਟਰਸਾਈਕਲ ਸਵਾਰਾਂ ਨੇ ਉਸ ਨੂੰ ਨੇੜਿਓਂ ਕਈ ਗੋਲੀਆਂ ਮਾਰੀਆਂ। ਜਲੰਧਰ ਪੁਲਿਸ ਦੇ ਡੀ.ਸੀ.ਪੀ, ਮਨਪ੍ਰੀਤ ਸਿੰਘ ਨੇ ਕਿਹਾ ਕਿ ਲੱਕੀ ਓਬਰਾਏ ਨੇ ਕਦੇ ਵੀ ਪੁਲਿਸ ਨੂੰ ਕਿਸੇ ਤੋਂ ਆਪਣੀ ਜਾਨ ਨੂੰ ਕਿਸੇ ਵੀ ਖਤਰੇ ਬਾਰੇ ਰਿਪੋਰਟ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਦਾ ਪਤਾ

ਲਗਾਉਣ ਲਈ ਜਾਂਚ ਜਾਰੀ ਏ । ਸਾਡੇ ਪੱਤਰਕਾਰ ਨੇ ਦਸਿਆ ਕਿ ਇਹ ਗੋਲੀਬਾਰੀ ਉਦੋਂ ਹੋਈ ਏ ਜਦੋਂ ਪੰਜਾਬ ਪੁਲਿਸ ਵੱਲੋਂ ਹਾਲ ਹੀ ਵਿੱਚ ਸੂਬੇ ਵਿੱਚ 'ਗੈਂਗਸਟਰਾਂ ਵਿਰੁੱਧ ਜੰਗ' ਮੁਹਿੰਮ ਪਹਿਲਾਂ ਹੀ ਸ਼ੁਰੂ ਕੀਤੀ ਹੋਈ ਏ ।

---------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਮੋਹਾਲੀ ਜ਼ਿਲ੍ਹੇ ਦੇ ਸਰਕਾਰੀ ਅੱਪਰ-ਪ੍ਰਾਇਮਰੀ ਸਕੂਲਾਂ ਨੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ 'ਰੋਜ਼ਾਨਾ ਮੈਡੀਟੇਸ਼ਨ ਪ੍ਰੋਗਰਾਮ' ਦੀ ਸ਼ੁਰੂਆਤ ਕੀਤੀ ਏ । ਹਰਜੋਤ ਸਿੰਘ ਬੈਂਸ ਨੇ ਕੱਲ ਮੋਹਾਲੀ ਵਿੱਚ ਇੱਕ ਵਰਕਸ਼ਾਪ ਦੌਰਾਨ ਸਕੂਲ ਮੁਖੀਆਂ ਅਤੇ ਪ੍ਰਿੰਸੀਪਲਾਂ ਨਾਲ ਵਿਚਾਰ ਵਟਾਦਰਾ ਕੀਤਾ। ਸਿੱਖਿਆ ਮੰਤਰੀ ਨੇ ਵਿਦਿਆਰਥੀਆਂ ਦੀ ਤੰਦਰੁਸਤੀ ਵਧਾਉਣ ਦੇ ਉਦੇਸ਼ ਵਾਲੇ 'ਰੋਜ਼ਾਨਾ ਮੈਡੀਟੇਸ਼ਨ ਪ੍ਰੋਗਰਾਮ' ਦੇ ਲਾਗੂਕਰਨ ਅਤੇ ਪ੍ਰਭਾਵਾਂ ਬਾਰੇ ਵਰਕਸ਼ਾਪ 'ਚ ਮੌਜੂਦ ਲੋਕਾਂ ਨੂੰ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਸਕੂਲ ਮੁੱਖੀਆਂ ਵੱਲੋਂ ਦਿੱਤੀ ਜਾਣਕਾਰੀ ਮੁਤਾਬਿਕ ਵਿਦਿਆਰਥੀਆਂ ਹੁਣ ਸ਼ਾਂਤ, ਇਕਾਗਰ ਅਤੇ ਭਾਵਾਨਾਤਮਕ ਤੌਰ 'ਤੇ ਮਜ਼ਬੂਤ ਹੋ ਰਹੇ ਨੇ । ਉਨ੍ਹਾਂ ਦੁਹਰਾਇਆ ਕਿ ਸੂਬਾ ਸਰਕਾਰ ਦੀ ਯੋਜਨਾ ਏ ਕਿ ਅਜਿਹੀਆਂ ਸਾਕਾਰਤਮਕ ਪਹਿਲਕਦਮੀਆਂ ਸੂਬੇ ਭਰ ਵਿੱਚ ਲਾਗੂ

ਕੀਤੀਆਂ ਜਾਣ। ਇਸ ਮੌਕੇ ਉਨ੍ਹਾਂ ਦੇ ਨਾਲ ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ ਮਨੀਸ਼ ਸਿਸੋਦੀਆ ਵੀ ਮੌਜੂਦ ਰਹੇ।

-------------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਇਕ ਮਾਮਲੇ ਵਿੱਚ ਆਪਣੇ ਪੱਧਰ 'ਤੇ ਨੋਟਿਸ ਲੈਂਦਿਆਂ ਅੰਮ੍ਰਿਤਸਰ ਦੇ ਸੀਨੀਅਰ ਪੁਲਿਸ ਕਪਤਾਨ ਤੋਂ ਰਿਪੋਰਟ ਤਲਬ ਕੀਤੀ ਏ। ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਅੰਮ੍ਰਿਤਸਰ ਵਿੱਚ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਵੱਖ-ਵੱਖ ਜੱਥੇਬੰਦੀਆਂ ਵੱਲੋਂ ਇੱਕ ਵਿਅਕਤੀ ਨੂੰ ਨੌਕਰੀ ਤੋਂ ਕੱਢਣ ਖਿਲਾਫ ਧਰਨਾ ਲਗਾਇਆ ਗਿਆ ਜਿੱਥੇ ਕਿ ਇੱਕ ਪੁਲਿਸ ਅਧਿਕਾਰੀ ਵੱਲੋਂ ਧਰਨਾਕਾਰੀਆਂ ਖਿਲਾਫ ਜਾਤੀ ਸੂਚਕ ਸ਼ਬਦ ਵਰਤਣ ਦਾ ਮਾਮਲਾ, ਸ਼ੋਸ਼ਲ ਮੀਡੀਆ ਅਤੇ ਪ੍ਰਿੰਟ ਮੀਡੀਆ ਰਾਹੀਂ ਉਨ੍ਹਾਂ ਦੇ ਧਿਆਨ ਵਿੱਚ ਆਇਆ ਏ। ਉਨ੍ਹਾਂ ਇਸ ਮਾਮਲੇ ਦਾ ਨੋਟਿਸ ਲੈਂਦਿਆਂ ਇਸ ਸਬੰਧੀ 10 ਫਰਵਰੀ ਨੂੰ ਐਸ.ਪੀ. ਹਰਪਾਲ ਸਿੰਘ ਨੂੰ ਇਸ ਮਾਮਲੇ ਸਬੰਧੀ ਰਿਪੋਰਟ ਸਮੇਤ ਤਲਬ ਕੀਤਾ ਏ।

-------------------------------------------------------------

ਅੰਡਰ-19 ਇੱਕ ਰੋਜ਼ਾ ਕ੍ਰਿਕਟ ਵਿਸ਼ਵ ਕੱਪ ਦੇ ਫਾਈਨਲ ਵਿੱਚ ਅੱਜ ਜ਼ਿੰਬਾਬਵੇ ਦੇ ਹਰਾਰੇ ਵਿੱਚ ਭਾਰਤ ਦਾ ਮੁਕਾਬਲਾ ਇੰਗਲੈਂਡ ਨਾਲ ਹੋ

ਰਿਹਾ ਏ । ਭਾਰਤ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ ਏ । ਭਾਰਤੀ ਟੀਮ ਨੇ ਹੁਣ ਤੱਕ ਟੂਰਨਾਮੈਂਟ ਵਿੱਚ ਸਾਰੇ ਮੈਚ ਜਿੱਤੇ ਨੇ । ਭਾਰਤ ਨੇ ਰਿਕਾਰਡ ਪੰਜ ਵਾਰ ਟਰਾਫੀ ਜਿੱਤੀ ਏ ।

------------------------------------------------------------------------